# ਪ੍ਰੈਸ ਨੋਟ

ਜਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਜਿਲ੍ਹਾ ਰੈਡ ਕਰਾਸ ਸੋਸਾਇਟੀ ਅੰਮ੍ਰਿਤਸਰ ਵਿਖੇ ਮਿਤੀ:- 1/1/2008 ਤੋਂ ਪੰਘੂੜਾ ਸਕੀਮ ਸੁਰੂ ਕੀਤੀ ਗਈ ਸੀ । ਇਸ ਸਕੀਮ ਅਧੀਨ ਰੈਡ ਕਰਾਸ ਦਫਤਰ ਦੇ ਬਾਹਰ ਇੱਕ"ਪੰਘੂੜਾ" ਸਥਾਪਿਤ ਕੀਤਾ ਗਿਆ ਹੈ, ਕੋਈ ਵੀ ਲਵਾਰਸ ਅਤੇ ਪਾਲਣ ਪੋਸਣ ਤੋਂ ਅਸਮਰਥ ਰਹਿਣ ਵਾਲੇ ਮਾਪੇ ਅਣਚਾਹੇ ਬੱਚੇ ਨੂੰ ਇਸ ਪੰਘੂੜੇ ਵਿੱਚ ਰੱਖ ਸਕਦੇ ਹਨ । ਬੱਚਾ ਪੰਘੂੜੇ ਵਿੱਚ ਪ੍ਰਾਪਤ ਹੋਣ ਉਪਰੰਤ ਇਸ ਬੱਚੇ ਨੂੰ ਰੈਡ ਕਰਾਸ ਵੱਲੋਂ ਮੈਡੀਕਲ ਕਰਵਾਉਣ ਲਈ ਪਾਰਵਤੀ ਦੇਵੀ ਹਸਪਤਾਲ ਰਣਜੀਤ ਐਵੀਨਿਊ ਤੋ ਮੈਡੀਕਲ ਸਹਾਇਤਾ ਦਿਵਾ ਕੇ ਤੰਦਰੁਸਤ ਹਾਲਤ ਵਿੱਚ ਬੱਚੇ ਦੀ ਸੁਰੱਖਿਆ ,ਪਾਲਣ ਪੋਸਣ ਅਤੇ ਚੰਗੇ ਭੱਵਿਖ ਲਈ ਸਰਕਾਰ ਵੱਲੋਂ ਘੋਸ਼ਿਤ ਕੀਤੀਆਂ ਸੰਸਥਾਵਾਂ (CARA ਲੀਗਲ ਅਡਾਪਸ਼ਨ ਐਡ ਪਲੇਸਮੈਟ ਏਜੰਸੀ ) ਵਿੱਚ ਬੱਚੇ ਦੀ ਪ੍ਰਵਿਰਸ਼ ਲਈ ਤਬਦੀਲ ਕਰ ਦਿੱਤਾ ਜਾਦਾ ਹੈ । ਜੇਕਰ ਕਿਸੇ ਨੇ ਬੱਚਾ ਗੋਦ ਲੈਣਾ ਹੋਵੇ ਤਾਂ ਉਹ ਆਨ ਲਾਈਨ ਵੈਬ ਸਾਈਟ ਜੋ www.cara.nic.in ਰਾਹੀ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ ।

ਮਿਤੀ 24/1/2023 ਨੂੰ ਸਵੇਰੇ 6.15 ਵਜੇ ਇਕ ਨਵ ਜੰਮੀ ਬੱਚੀ ਪੰਘੂੜੇ ਵਿਚ ਪ੍ਰਾਪਤ ਹੋਈ ਹੈ । ਇਸ ਬੱਚੀ ਦੇ ਆਉਣ ਨਾਲ ਇਸ ਸਕੀਮ ਅਧੀਨ ਹੁਣ ਤੱਕ ਬਚਿਆ ਦੀ ਗਿਣਤੀ 189 ਤਕ ਹੋ ਗਈ ਹੈ । ਇਸ ਬੱਚੀ ਦਾ ਮੈਡੀਕਲ ਪਾਰਵਤੀ ਦੇਵੀ ਹਸਪਤਾਲ ਰਣਜੀਤ ਐਵਨਿਊ ਤੋ ਕਰਵਾਇਆ ਗਿਆ ਹੈ ਅਤੇ ਇਸ ਵੇਲੇ ਬੱਚੀ ਬਿਲਕੁਲ ਤੰਦਰੁਸਤ ਹੈ । ਇਸ ਲਈ ਇਸ ਬੱਚੀ ਨੂੰ ਪਾਲਣਪੋਸਣ ਅਤੇ ਕਾਨੂੰਨੀ ਅਡਾਪਸਨ ਹਿੱਤ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਜੀ ਵੱਲੋਂ ਸਰਕਾਰ ਵਲੋ ਨਿਰਧਾਰਤ ਸੰਸਥਾ ਵਿਖੇ ਭੇਜਿਆਂ ਜਾਵੇਗਾ । ਜਿਥੇ ਪਹਿਲਾਂ ਭੇਜੇ ਗਏ ਬੱਚਿਆਂ ਵਾਂਗ ਸਰਕਾਰ ਵੱਲੋ ਨਿਰਧਾਰਤ ਪ੍ਰਕਿਰਿਆ ਪੂਰੀ ਕਰਨ ਉਪਰੰਤ ਸੰਸਥਾ ਵਲੋ ਇਸ ਦੀ ਲੋੜਵੰਦ ਪਰਿਵਾਰ ਨੂੰ ਅਡਾਪਸ਼ਨ ਕਰਵਾ ਦਿੱਤੀ ਜਾਵੇਗੀ ।

ਅੱਜ ਮਿਤੀ 29/1/2023 ਨੂੰ ਡਾ: ਗੁਰਪ੍ਰੀਤ ਕੋਰ ਜੋਹਲ ਸੂਦਨ ਚੇਅਰਪਸਨ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਜੀ ਨੇ ਬੱਚੀ ਨੂੰ ਪੰਘੂੜੇ ਵਿਚ ਪ੍ਰਾਪਤ ਕੀਤਾ ਅਤੇ ਕਾਰਾ ਸਕੀਮ ਅਧੀਨ ਸਵਾਮੀ ਗੰਗਾ ਨੰਦ ਭੂਰੀ ਵਾਲੇ ਫਾਊਡੇਸ਼ਨ ਧਾਮ ਤਲਵੰਡੀ ਖੁਰਦ, ਲੁਧਿਆਣਾ ਭੇਜਣ ਦੀ ਪਰਕ੍ਰਿਆਂ ਪੂਰੀ ਕੀਤੀ । ਇਸ ਸਕੀਮ ਅਧੀਨ ਹੁਣ ਤਕ 158 ਲੜਕੀਆਂ ਅਤੇ 31 ਲੜਕੇ ਆ ਚੁਕੇ ਹਨ । ਇਸ ਤੋ ਇਲਾਵਾ ਸ਼੍ਰੀ ਅਸੀਸਇੰਦਰ ਸਿੰਘ, ਕਾਰਜਕਾਰੀ ਸਕੱਤਰ ਰੈਡ ਕਰਾਸ ਸੋਸਾਇਟੀ ਅਤੇ ਹੋਰ ਰੈਡ ਕਰਾਸ ਸਟਾਫ ਵੀ ਮੌਜੂਦ ਸਨ ।